**ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਨੇਪਾਲ ਦੀ ਆਰਜ਼ੀ ਸਰਕਾਰ ਦੀ ਪ੍ਰਧਾਨ ਮੰਤਰੀ ਸੁਸ਼ੀਲਾ ਕਾਰਕੀ ਨਾਲ ਗੱਲਬਾਤ ਕੀਤੀ (18 ਸਤੰਬਰ, 2025)**

18 ਸਤੰਬਰ 2025

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਅੱਜ ਨੇਪਾਲ ਦੀ ਆਰਜ਼ੀ ਸਰਕਾਰ ਦੀ ਪ੍ਰਧਾਨ ਮੰਤਰੀ ਸ਼੍ਰੀਮਤੀ ਸੁਸ਼ੀਲਾ ਕਾਰਕੀ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ।

2. ਪ੍ਰਧਾਨ ਮੰਤਰੀ ਨੇ ਨੇਪਾਲ ਦੀ ਪ੍ਰਧਾਨ ਮੰਤਰੀ ਸ਼੍ਰੀਮਤੀ ਸੁਸ਼ੀਲਾ ਕਾਰਕੀ ਨੂੰ ਉਨ੍ਹਾਂ ਦੀ ਨਿਯੁਕਤੀ 'ਤੇ ਵਧਾਈ ਦਿੱਤੀ ਅਤੇ ਭਾਰਤ ਸਰਕਾਰ ਅਤੇ ਭਾਰਤ ਦੇ ਲੋਕਾਂ ਵੱਲੋਂ ਉਨ੍ਹਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

3. ਮੋਦੀ ਨੇ ਨੇਪਾਲ ਵਿੱਚ ਹਾਲ ਹੀ ਵਿੱਚ ਹੋਏ ਵਿਰੋਧ ਪ੍ਰਦਰਸ਼ਨਾਂ ਦੇ ਦੌਰਾਨ ਹੋਏ ਜਾਨ-ਮਾਲ ਦੇ ਨੁਕਸਾਨ 'ਤੇ ਡੂੰਘੀ ਸੰਵੇਦਨਾ ਪ੍ਰਗਟ ਕੀਤੀ।

4. ਪ੍ਰਧਾਨ ਮੰਤਰੀ ਨੇ ਦੋਵਾਂ ਦੇਸ਼ਾਂ ਦਰਮਿਆਨ ਵਿਸ਼ੇਸ਼ ਸਬੰਧਾਂ ਨੂੰ ਹੋਰ ਮਜ਼ਬੂਤ ਬਣਾਉਣ ਲਈ ਮਿਲ ਕੇ ਕੰਮ ਜਾਰੀ ਰੱਖਣ ਪ੍ਰਤੀ ਭਾਰਤ ਦੀ ਤਿਆਰੀ ਜ਼ਾਹਰ ਕੀਤੀ ਅਤੇ ਉਨ੍ਹਾਂ ਨੇ ਨੇਪਾਲ ਵਿੱਚ ਸ਼ਾਂਤੀ ਅਤੇ ਸਥਿਰਤਾ ਦੀ ਬਹਾਲੀ ਦੀ ਦਿਸ਼ਾ ਵਿੱਚ ਨੇਪਾਲ ਦੇ ਯਤਨਾਂ ਲਈ, ਭਾਰਤ ਦਾ ਪੂਰਾ ਸਮਰਥਨ ਪ੍ਰਗਟ ਕੀਤਾ।

5. ਪ੍ਰਧਾਨ ਮੰਤਰੀ ਸ਼੍ਰੀਮਤੀ ਸੁਸ਼ੀਲਾ ਕਾਰਕੀ ਨੇ ਨੇਪਾਲ ਨੂੰ ਭਾਰਤ ਦੇ ਦ੍ਰਿੜ੍ਹ ਸਮਰਥਨ ਲਈ ਪ੍ਰਧਾਨ ਮੰਤਰੀ ਸ਼੍ਰੀ ਮੋਦੀ ਦਾ ਧੰਨਵਾਦ ਕੀਤਾ ਅਤੇ ਦੋਵਾਂ ਦੇਸ਼ਾਂ ਵਿਚਕਾਰ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਦੀ ਪ੍ਰਧਾਨ ਮੰਤਰੀ ਸ਼੍ਰੀ ਮੋਦੀ ਦੀ ਇੱਛਾ ਦੁਹਰਾਈ।

6. ਪ੍ਰਧਾਨ ਮੰਤਰੀ ਨੇ ਨੇਪਾਲ ਦੇ ਆਉਣ ਵਾਲੇ ਰਾਸ਼ਟਰੀ ਦਿਹਾੜੇ ਲਈ ਵੀ ਵਧਾਈ ਦਿੱਤੀ।

7. ਦੋਵੇਂ ਨੇਤਾਵਾਂ ਨੇ ਸੰਪਰਕ ਵਿੱਚ ਬਣੇ ਰਹਿਣ 'ਤੇ ਸਹਿਮਤੀ ਵਿਅਕਤ ਕੀਤੀ।

ਨਵੀਂ ਦਿੱਲੀ

18 ਸਤੰਬਰ 2025